# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :10-03-2026**

- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਚ ਅੱਜ ਵੱਖ-ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ-ਪੰਜਾਬ ਸਰਕਾਰ ਵਲੋਂ ਰਾਜਪੁਰਾ-ਆਕੜ ਲਿੰਕ ਸੜਕ ਦਾ ਨਾਮ 'ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ' ਦੇ ਨਾਮ 'ਤੇ ਰੱਖਣ ਦਾ ਐਲਾਨ।

- ਚੰਡੀਗੜ੍ਹ 99.93 ਫੀਸਦੀ ਦੀ ਸਾਖਰਤਾ ਦਰ ਨਾਲ ਇੱਕ ਮਹੱਤਵਪੂਰਨ ਮੀਲ ਪੱਥਰ ਹਾਸਿਲ ਕਰਦਿਆਂ ਪੂਰੀ ਤਰ੍ਹਾਂ ਸਾਖਰ ਕੇਂਦਰ ਸ਼ਾਸਤ ਪ੍ਰਦੇਸ਼ ਬਣਿਆ ।

- ਪੰਜਾਬ ਸਰਕਾਰ ਨੇ ਸੂਬੇ ਭਰ 'ਚ ਸ਼ਾਨਦਾਰ ਕਾਰਗੁਜ਼ਾਰੀ ਵਾਲੀਆਂ ਮਹਿਲਾ ਬੀ.ਐਲ.ਓਜ. ਨੂੰ ਕੀਤਾ ਸਨਮਾਨਿਤ ।

- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਕਿਹਾ -LPG ਉਤਪਾਦਨ ਵਧਾਉਣ ਅਤੇ ਘਰੇਲੂ ਖਪਤਕਾਰਾਂ ਅਤੇ ਹਸਪਤਾਲਾਂ ਤੇ ਵਿਦਿਅਕ ਸੰਸਥਾਵਾਂ ਵਰਗੀਆਂ ਜ਼ਰੂਰੀ ਥਾਂਵਾਂ 'ਤੇ ਇਸਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਏ।

---------------------------------------------------

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਚ ਅੱਜ  ਵੱਖ ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ। ਗੁਰੂ ਸਾਹਿਬਾਨ ਨੂੰ ਸਤਿਕਾਰ ਸਹਿਤ ਇੱਕ ਹੋਰ ਸਨਮਾਨ ਭੇਟ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ, ਪਟਿਆਲਾ ਜ਼ਿਲ੍ਹੇ ਵਿੱਚ ਪੈਂਦੀ 13 ਕਿਲੋਮੀਟਰ ਤੋਂ ਵੱਧ ਲੰਬੀ ਲਿੰਕ ਸੜਕ ਦਾ ਨਾਮ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਰੱਖੇਗੀ। ਇਸ ਦਾ ਐਲਾਨ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਪੰਜਾਬ ਵਿਧਾਨ ਸਭਾ ਵਿੱਚ ਵਿਧਾਇਕ ਗੁਰਲਾਲ ਸਿੰਘ ਘਨੌਰ ਦੇ ਸਵਾਲ ਦਾ ਜਵਾਬ ਦਿੰਦਿਆਂ ਕੀਤਾ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਹ ਸੜਕ ਰਾਜਪੁਰਾ ਨੂੰ ਸੇਹਰਾ ਨਾਲ ਜੋੜਦੀ ਏ ਅਤੇ ਅੱਗੇ ਸੇਹਰਾ ਤੋਂ ਆਕੜ ਪਿੰਡ ਤੱਕ ਜਾਂਦੀ ਏ , ਜਿੱਥੇ ਇਤਿਹਾਸਕ ਗੁਰਦੁਆਰਾ ਨਿੰਮ ਸਾਹਿਬ ਸਸ਼ੋਬਿਤ ਏ।  ਉਹਨਾਂ ਦੱਸਿਆ ਕਿ ਪ੍ਰਬੰਧਕੀ ਪ੍ਰਕਿਰਿਆਵਾਂ ਪੂਰੀਆਂ ਹੋਣ ਤੋਂ ਬਾਅਦ ਅੰਤਿਮ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਜਾਵੇਗਾ। ਊਨਾ ਦੱਸਿਆ ਕਿ ਸਬੰਧਤ

ਗ੍ਰਾਮ ਪੰਚਾਇਤਾਂ ਤੋਂ ਰਸਮੀ ਮਤੇ ਪ੍ਰਾਪਤ ਹੋਣ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਦੀ ਅਧਿਕਾਰਿਤ  ਸਿਫਾਰਿਸ਼ ਤੋਂ ਤੁਰੰਤ ਬਾਅਦ ਇਸ ਸੜਕ ਦਾ ਨਾਂ ਨੌਵੇਂ ਪਾਤਸ਼ਾਹ ਦੇ ਨਾਮ ਉੱਤੇ ਰੱਖ ਦਿੱਤਾ ਜਾਵੇਗਾ। ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਵਿਧਾਨ ਸਭਾ ਵਿੱਚ ਭਰੋਸਾ ਦਿੱਤਾ ਕਿ ਗੰਗ ਕੈਨਾਲ ਵਿੱਚੋਂ ਨਿਕਲਦੇ ਕਾਨਿਆਂਵਾਲੀ ਮਾਈਨਰ ਦੀ ਸਮਰਥਾ  ਅਤੇ ਇਸ ਦੇ ਪਾਣੀ ਦਾ ਸੁਚੱਜਾ ਵਹਾਅ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਕਿਸਾਨਾਂ ਨੂੰ ਸਿੰਜਾਈ ਲਈ ਪਾਣੀ ਨਿਰੰਤਰ ਮਿਲਦਾ ਰਹੇ। ਪ੍ਰਸ਼ਨ ਕਾਲ ਦੌਰਾਨ ਕੈਬਨਿਟ ਮੰਤਰੀ ਨੇ ਫ਼ਰੀਦਕੋਟ ਤੋਂ ਵਿਧਾਇਕ  ਗੁਰਦਿੱਤ ਸਿੰਘ ਵੱਲੋਂ ਕਾਨਿਆਂਵਾਲੀ ਮਾਈਨਰ ਨੂੰ ਪੱਕਾ ਕਰਨ ਅਤੇ ਇਸ ਦੀ ਚੌੜਾਈ, ਤੇ ਸਮਰੱਥਾ ਵਧਾਉਣ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ  ਉਨ੍ਹਾਂ ਦੱਸਿਆ ਕਿ ਟੇਲ ਗੇਜ ਦੇ ਅੰਕੜੇ ਦਰਸਾਉਂਦੇ ਹਨ ਕਿ ਇਹ ਨਹਿਰ ਆਪਣੀ ਡਿਜ਼ਾਈਨ ਸਮਰੱਥਾ ਤੋਂ 114 ਫੀਸਦੀ ਪਾਣੀ ਲੈ ਰਹੀ ਏ । ਇਸ ਲਈ ਇਹ ਨਹਿਰ ਆਪਣੀ ਡਿਜ਼ਾਈਨ ਕੀਤੀ ਸਮਰੱਥਾ ਤੋਂ ਵੱਧ ਪਾਣੀ ਲਿਜਾਣ ਲਈ ਪੂਰੀ ਤਰ੍ਹਾਂ ਸਮਰੱਥ ਏ । ਕੈਬਨਿਟ ਮੰਤਰੀ ਨੇ ਕਿਹਾ ਕਿ ਕਿਉਂਕਿ ਨਹਿਰ ਦੀ ਡਿਸਚਾਰਜ ਸਮਰੱਥਾ ਕਾਫ਼ੀ ਹੈ, ਇਸ ਲਈ ਕੰਕਰੀਟ ਲਾਈਨਿੰਗ ਜਾਂ ਸਮਰੱਥਾ ਵਧਾਉਣ ਦੀ ਤੁਰੰਤ ਲੋੜ ਨਹੀਂ ਏ । ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਦੇ ਸਹੀ ਢੰਗ ਨਾਲ ਚੱਲਣ ਲਈ ਜੋ ਵੀ ਕੰਮ

ਲੋੜੀਂਦਾ ਹੋਵੇਗਾ, ਉਹ ਕੀਤਾ ਜਾਵੇਗਾ । ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਦਨ ਨੂੰ ਦੱਸਿਆ ਕਿ ਸਰਕਾਰ ਨੇ ਉਸਾਰੀ ਕਿਰਤੀਆਂ ਦੀ ਭਲਾਈ ਯਕੀਨੀ ਬਣਾਉਣ ਵੱਲ ਵੱਡਾ ਸੁਧਾਰ ਕਰਦਿਆਂ ਪ੍ਰਕਿਰਿਆਵਾਂ ਨੂੰ ਸਰਲ ਬਣਾਇਆ ਏ ਜਿਸ ਤਹਿਤ ਅਰਜ਼ੀਆਂ ਦੇ ਨਿਪਟਾਰੇ ਦਾ ਸਮਾਂ 165 ਦਿਨਾਂ ਤੋਂ ਘਟਾ ਕੇ ਸਿਰਫ਼ 62 ਦਿਨ ਕਰ ਦਿੱਤਾ ਏ । ਇੱਕ ਸਵਾਲ ਦਾ ਜਵਾਬ ਦਿੰਦਿਆਂ ਮੰਤਰੀ ਨੇ ਕਿਹਾ ਕਿ ਇਸ ਕਦਮ ਨਾਲ ਪੰਜਾਬ ਇਮਾਰਤ ਤੇ ਹੋਰ ਉਸਾਰੀ ਕਿਰਤੀ ਬੋਰਡ ਰਾਹੀਂ ਲਾਭਪਾਤਰੀਆਂ ਨੂੰ ਮਿਲਣ ਵਾਲੇ ਫ਼ਾਇਦਿਆਂ ਵਿੱਚ ਵੱਡਾ ਵਾਧਾ ਹੋਇਆ ਏ ਅਤੇ 1 ਅਪ੍ਰੈਲ, 2025 ਤੋਂ ਹੁਣ ਤੱਕ 45 ਹਜ਼ਾਰ 578 ਕਿਰਤੀਆਂ ਨੂੰ 146 ਕਰੋੜ 77 ਲਖ ਰੁਪਏ ਦੇ ਲਾਭ ਮਿਲੇ ਨੇ । ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਅੰਕੜੇ ਆਪਣੇ ਆਪ ਹੀ ਦੋਵਾਂ ਸਰਕਾਰਾਂ ਦੀ ਕਾਰਗੁਜ਼ਾਰੀ ਅਤੇ ਵਚਨਬੱਧਤਾ ਵਿੱਚ ਅੰਤਰ ਨੂੰ ਦਰਸਾਉਂਦੇ ਨੇ । ਖੁਰਾਕ ਸੁਰੱਖਿਆ ਦੇ ਲਾਭ ਤੇਜ਼ੀ ਨਾਲ ਲਾਭਪਾਤਰੀਆਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਵਾਜਿਬ ਮੁੱਲ ਦੀਆਂ ਦੁਕਾਨਾਂ ਅਲਾਟ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਏ । ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਸਦਨ ਨੂੰ ਦੱਸਿਆ ਕਿ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ ਵੱਲੋਂ

ਵਾਜਿਬ ਮੁੱਲ ਦੀਆਂ ਦੁਕਾਨਾਂ ਦੀ ਅਲਾਟਮੈਂਟ ਲਈ ਚਾਹਵਾਨ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਹਨ। ਮੰਤਰੀ ਨੇ ਦੱਸਿਆ ਕਿ ਪੇਂਡੂ ਖੇਤਰਾਂ ਵਿੱਚ 8291 ਅਤੇ ਸ਼ਹਿਰੀ ਖੇਤਰਾਂ ਵਿੱਚ 1686 ਅਸਾਮੀਆਂ ਲਈ ਅਰਜ਼ੀਆਂ ਮੰਗੀਆਂ ਗਈਆਂ ਨੇ । ਉਨ੍ਹਾਂ ਕਿਹਾ ਕਿ ਇਹ ਪ੍ਰਕਿਰਿਆ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਹੁਣ ਤੱਕ ਕੁੱਲ 7876 ਵਿਅਕਤੀਆਂ ਵੱਲੋਂ ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਇਹ ਪ੍ਰਕਿਰਿਆ ਸੰਭਾਵਿਤ ਤੌਰ ਤੇ ਅਗਲੇ ਦੋ ਮਹੀਨਿਆਂ ਵਿੱਚ ਮੁਕੰਮਲ ਹੋ ਜਾਵੇਗੀ ਅਤੇ ਇਸ ਤੋਂ ਬਾਅਦ 7500 ਰਾਸ਼ਨ ਡਿਪੂ ਅਲਾਟ ਕੀਤੇ ਜਾਣਗੇ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਸੂਬੇ ਦੀਆਂ ਔਰਤਾਂ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੀਆਂ ਅਪਮਾਨਜਨਕ ਟਿੱਪਣੀਆਂ ਲਈ ਭੁਲੱਥ ਤੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੀ ਸਖ਼ਤ ਸ਼ਬਦਾ ਵਿੱਚ ਨਿੰਦਾ ਕੀਤੀ। ਪੰਜਾਬ ਵਿਧਾਨ ਸਭਾ ਦੀ ਕਾਰਵਾਈ ਦੌਰਾਨ ਬੋਲਦਿਆਂ ਹਰਪਾਲ ਸਿੰਘ ਚੀਮਾ ਨੇ ਕਾਂਗਰਸ ਹਾਈ ਕਮਾਂਨ ਵੱਲੋਂ ਸੁਖਪਾਲ ਸਿੰਘ ਖਹਿਰਾ ਨੂੰ ਉਨ੍ਹਾਂ ਦੇ ਅਜਿਹੇ ਨਿੰਦਣਯੋਗ ਵਤੀਰੇ ਅਤੇ ਪੰਜਾਬ ਦੀਆਂ ਮਾਵਾਂ ਤੇ ਧੀਆਂ ਲਈ ਕੀਤੀਆਂ ਅਪਮਾਨਜਨਕ ਟਿੱਪਣੀਆਂ ਲਈ ਪਾਰਟੀ ‘ਚੋਂ ਤੁਰੰਤ ਬਾਹਰ ਕਰਨ ਦੀ ਮੰਗ ਕੀਤੀ । ਵਿਧਾਨ ਸਭਾ ਵਿੱਚ ਔਰਤਾਂ ਦੇ ਇਸ ਅਪਮਾਨ ਦੀ ਨਿੰਦਾ

ਕਰਨ ਲਈ ਲਿਆਂਦੇ ਗਏ ਮਤੇ 'ਤੇ ਚਰਚਾ ਦੌਰਾਨ, ਵਿੱਤ ਮੰਤਰੀ ਨੇ ਸਦਨ ਦੇ ਸਾਰੇ ਮੈਂਬਰਾਂ ਨੂੰ ਸੁਖਪਾਲ ਸਿੰਘ ਖਹਿਰਾ ਵੱਲੋਂ ਕੀਤੇ ਗੈਰ-ਜ਼ਿੰਮੇਵਾਰਾਨਾ ਅਤੇ ਔਰਤ ਵਿਰੋਧੀ ਰਵੱਈਏ ਖਿਲਾਫ ਇੱਕਜੁੱਟ ਹੋਣ ਲਈ ਕਿਹਾ। ਇਸੇ ਦੌਰਾਨ ਵਿਧਾਨ ਸਭ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ।

BYTE

---------------------------------------------------------------

ਓਧਰ ਸ਼੍ਰੋਮਣੀ ਅਕਾਲੀ ਦਲ ਦੀ ਵਿਧਾਇਕਾ ਗਨੀਵ ਕੌਰ ਨੇ ਅੱਜ ਪੰਜਾਬ ਵਿਧਾਨ ਵਿੱਚ ਕਿਹਾ ਕਿ ਮਹਿਲਾਵਾਂ ਦੀ ਇੱਜ਼ਤ ਮਾਣ ਦੀ ਗੱਲ ਕਰਨ ਵਾਲੀਆਂ ਆਮ ਆਦਮੀ ਪਾਰਟੀ ਦੀਆਂ ਮਹਿਲਾ ਵਿਧਾਇਕ ਅਤੇ ਹੋਰ ਮੈਂਬਰ ਪਹਿਲਾਂ ਇਸ ਗੱਲ ਦਾ ਜਵਾਬ ਦੇਣ ਕਿ ਮੁੱਖ ਮੰਤਰੀ ਜੋ ਆਪਣੇ ਭਾਸ਼ਣ ਵਿੱਚ ਔਰਤਾਂ ਨੂੰ ਲੈਕੇ ਸ਼ਬਦ ਵਰਤਦੇ ਨੇ ਕਿ ਉਹ ਉਸਦੀ ਨਿਖੇਧੀ ਕਰਨਗੇ ? ਉਨ੍ਹਾਂ ਇਲਜ਼ਾਮ ਲਾਇਆ ਕਿ ਮੁੱਖ ਮੰਤਰੀ ਔਰਤਾਂ ਖ਼ਿਲਾਫ਼ ਜਿਸ ਤਰਾਂ ਦੀਆਂ ਟਿੱਪਣੀਆਂ ਕਰਦੇ ਨੇ ਕੀ ਇਸਦੀ ਆਲੋਚਨਾ ਸਦਨ ਚ ਕੋਈ ਕਰੇਗਾ ? ਵਿਧਾਇਕਾ ਗਨੀਵ ਕੌਰ ਮਜੀਠੀਆ ਨੇ ਪੰਜਾਬ ਮਹਿਲਾ ਕਮਿਸ਼ਨ ਅਤੇ ਰਾਸ਼ਟਰੀ ਮਹਿਲਾ ਕਮਿਸ਼ਨ ਤੋਂ ਪੰਜਾਬ ਦੇ ਮੁੱਖ ਮੰਤਰੀ ਦੀ ਟਿੱਪਣੀਆਂ ਬਾਰੇ ਵਾਇਰਲ ਹੋ ਰਹੀ ਵੀਡੀਓ ਦਾ ਨੋਟਿਸ ਲੈਣ ਦੀ ਮੰਗ ਕੀਤੀ ਏ।

---

ਚੰਡੀਗੜ੍ਹ 99.93 ਫੀਸਦੀ ਦੀ ਸਾਖਰਤਾ ਦਰ ਪ੍ਰਾਪਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਹਾਸਿਲ ਕਰਦਿਆਂ ਪੂਰੀ ਤਰ੍ਹਾਂ ਸਾਖਰ ਕੇਂਦਰ ਸ਼ਾਸਤ ਪ੍ਰਦੇਸ਼ ਬਣ ਗਿਆ ਏ । ਇਸ ਪ੍ਰਾਪਤੀ ਦਾ ਜਸ਼ਨ ਮਨਾਉਣ ਲਈ, ਚੰਡੀਗੜ੍ਹ ਪ੍ਰਸ਼ਾਸਨ ਦੇ ਸਿੱਖਿਆ ਵਿਭਾਗ ਨੇ ਉੱਲਾਸ - ਨਵੇਂ ਸਾਖਰਤਾ ਪ੍ਰਾਪਤ ਨਾਗਰਿਕਾਂ ਦਾ ਨਿਵੇਸ਼ ਸਮਾਰੋਹ ਆਯੋਜਿਤ ਕੀਤਾ, ਜਿੱਥੇ ਨਵੇਂ ਸਾਖਰ ਨਾਗਰਿਕਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼  ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਇਸ ਸਮਾਗਮ ਵਿੱਚ ਮੁੱਖ ਮਹਿਮਾਨ ਜਦੋਂ ਕਿ ਚੰਡੀਗੜ੍ਹ ਦੇ ਮੁੱਖ ਸਕੱਤਰ ਐਚ. ਰਾਜੇਸ਼ ਪ੍ਰਸਾਦ, ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਦਾ ਉਦੇਸ਼ ਨਵੇਂ ਸਾਖਰ ਨਾਗਰਿਕਾਂ ਦੇ ਉਪਰਾਲਿਆਂ ਦੀ ਸ਼ਲਾਘਾ ਕਰਨਾ ਅਤੇ ਇੱਕ ਸਸ਼ਕਤ ਸਮਾਜ ਦੇ ਨਿਰਮਾਣ ਵਿੱਚ ਸਿੱਖਿਆ ਦੀ ਮਹੱਤਤਾ ਨੂੰ ਉਜਾਗਰ ਕਰਨਾ ਰਿਹਾ । ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਇਸਨੂੰ ਚੰਡੀਗੜ੍ਹ ਲਈ ਇੱਕ ਇਤਿਹਾਸਕ ਪਲ ਦੱਸਿਆ।

BYTE

ਉਨ੍ਹਾਂ ਕਿਹਾ ਕਿ ਇਸ ਪ੍ਰਾਪਤੀ ਦੇ ਨਾਲ, ਚੰਡੀਗੜ੍ਹ ਪੂਰੀ ਸਾਖਰਤਾ ਪ੍ਰਾਪਤ ਕਰਨ ਵਾਲਾ ਦੇਸ਼ ਦਾ ਦੂਜਾ ਕੇਂਦਰ ਸ਼ਾਸਤ ਪ੍ਰਦੇਸ਼ ਬਣ ਗਿਆ ਏ

। ਰਾਜਪਾਲ ਨੇ ਇਸ ਪ੍ਰਾਪਤੀ ਦਾ ਸਿਹਰਾ ਚੰਡੀਗੜ੍ਹ ਪ੍ਰਸ਼ਾਸਨ, ਸਿੱਖਿਆ ਵਿਭਾਗ, ਅਧਿਆਪਕਾਂ, ਵਲੰਟੀਅਰਾਂ, ਗੈਰ-ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਗਠਨਾਂ ਦੇ ਸਾਂਝੇ ਉਪਰਾਲਿਆਂ ਨੂੰ ਦਿੱਤਾ, ਜਿਨ੍ਹਾਂ ਨੇ ਅਨਪੜ੍ਹ ਨਾਗਰਿਕਾਂ ਤੱਕ ਪਹੁੰਚਣ ਲਈ ਅਣਥੱਕ ਮਿਹਨਤ ਕੀਤੀ। ਉਨ੍ਹਾਂ ਨੇ ਨਵੇਂ ਸਾਖਰ ਲੋਕਾਂ ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਨੇ ਇਸ ਪ੍ਰੋਗਰਾਮ ਰਾਹੀਂ ਅਕਾਦਮਿਕ ਗਿਆਨ ਅਤੇ ਡਿਜੀਟਲ ਸਾਖਰਤਾ ਦੋਵੇਂ ਪ੍ਰਾਪਤ ਕੀਤੇ। ਉਨ੍ਹਾਂ ਨਾਗਰਿਕਾਂ ਨੂੰ ਲਗਾਤਾਰ ਸਿੱਖਣ ਅਤੇ ਗਿਆਨ-ਅਧਾਰਤ ਅਤੇ ਪ੍ਰਗਤੀਸ਼ੀਲ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਨਵੇਂ ਸਾਖਰ ਨਾਗਰਿਕਾਂ ਦੇ ਨਾਲ, ਸਿੱਖਿਆ ਵਿਭਾਗ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀ ਵੀ ਇਸ ਸਮਾਗਮ ਵਿੱਚ ਮੌਜੂਦ ਰਹੇ ।

---------------------------------------------------------------

ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ, ਜ਼ਮੀਨੀ ਪੱਧਰ 'ਤੇ ਚੋਣ ਪ੍ਰਕਿਰਿਆ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੀਆਂ ਮਹਿਲਾ ਬੂਥ ਲੈਵਲ ਅਫਸਰਾਂ-BLOs ਦੇ ਸਮਰਪਣ ਨੂੰ ਮਾਨਤਾ ਅਤੇ ਸਨਮਾਨ ਦੇਣ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਸਮਾਗਮ ਕਰਵਾਏ ਗਏ। ਜ਼ਿਲ੍ਹਾ ਪੱਧਰ 'ਤੇ, ਹਰੇਕ ਵਿਧਾਨ ਸਭਾ ਹਲਕੇ ਤੋਂ ਬਿਹਤਰ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਤਿੰਨ ਮਹਿਲਾ

ਬੀ.ਐਲ.ਓਜ਼ ਨੂੰ ਸਬੰਧਤ ਜ਼ਿਲ੍ਹਾ ਚੋਣ ਅਧਿਕਾਰੀਆਂ ਵੱਲੋਂ ਉਨ੍ਹਾਂ ਦੀ ਮਿਸਾਲੀ ਸੇਵਾ ਅਤੇ ਵੋਟਰ ਸੂਚੀ ਦੀ ਸੋਧ ਸਬੰਧੀ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਨ੍ਹਾਂ ਸਮਾਗਮਾਂ ਦੌਰਾਨ ਮਹਿਲਾ ਬੀ.ਐਲ.ਓਜ਼ ਦੇ ਨਿਰੰਤਰ ਯਤਨਾਂ ਨੂੰ ਮਾਨਤਾ ਦਿੱਤੀ ਗਈ ਜੋ ਨਾਗਰਿਕਾਂ ਨਾਲ ਮਿਲ ਕੇ ਪੂਰੇ ਸਮਰਪਣ ਨਾਲ ਕੰਮ ਕਰਦੀਆਂ ਹਨ ਅਤੇ ਚੋਣ ਕਮਿਸ਼ਨ ਅਤੇ ਵੋਟਰਾਂ ਦਰਮਿਆਨ ਇੱਕ ਅਹਿਮ ਕੜੀ ਵਜੋਂ ਕੰਮ ਕਰਦੀਆਂ ਹਨ। ਦੇਸ਼ ਦੀ ਚੋਣ ਪ੍ਰਕਿਰਿਆ ਵਿੱਚ ਔਰਤਾਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਨੂੰ ਉਜਾਗਰ ਕਰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿਤਰਾ ਨੇ ਕਿਹਾ ਕਿ ਮਹਿਲਾ ਬੂਥ ਲੈਵਲ ਅਫਸਰ ਚੋਣ ਮਸ਼ੀਨਰੀ ਦੀ ਮਜ਼ਬੂਤ ਅਤੇ ਭਰੋਸੇਮੰਦ ਤਾਕਤ ਨੇ । ਇਨ੍ਹਾਂ ਔਰਤਾਂ ਦੇ ਵੱਡਮੁੱਲੇ ਯੋਗਦਾਨ ਨੂੰ ਮਾਨਤਾ ਅਤੇ ਸਨਮਾਨ ਦੇਣਾ ਬੇਹੱਦ ਅਹਿਮ ਏ ਜੋ ਆਜ਼ਾਦ, ਨਿਰਪੱਖ ਅਤੇ ਨਿਰਵਿਘਨ ਚੋਣਾਂ ਨੂੰ ਯਕੀਨੀ ਬਣਾਉਣ ਲਈ ਅਣਥੱਕ ਮਿਹਨਤ ਕਰਦੀਆਂ ਨੇ । ਊਨਾ ਵੋਟਰ ਸੇਵਾਵਾਂ ਅਤੇ ਪਹੁੰਚ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਕਈ ਤਕਨਾਲੋਜੀ-ਅਧਾਰਤ ਪਹਿਲਕਦਮੀਆਂ 'ਤੇ ਵੀ ਚਾਨਣਾ ਪਾਉਂਦਿਆਂ ਕਿਹਾ ਕਿ ਇਨ੍ਹਾਂ ਪਹਿਲਕਦਮੀਆਂ ਵਿੱਚ "ਬੁੱਕ ਏ ਕਾਲ" ਸਹੂਲਤ ਸ਼ਾਮਲ ਏ , ਜਿਸ ਰਾਹੀਂ ਨਾਗਰਿਕ ਸਿੱਧੇ ਤੌਰ 'ਤੇ ਚੋਣ ਸੇਵਾਵਾਂ ਸਬੰਧੀ ਸਹਾਇਤਾ ਲੈ ਸਕਦੇ ਹਨ।

-----------------------------------------------------------

ਰੂਪਨਗਰ ਪੁਲਿਸ ਦੋ ਵਿਅਕਤੀਆਂ ਨੂੰ 385 ਕਿੱਲੋ ਡੋਡੇ ਚੂਰਾ ਪੋਸਤ ਸਮੇਤ ਗ੍ਰਿਫਤਾਰ ਕੀਤਾ ਏ। ਇਸ ਸਬੰਧੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਐੱਸ.ਐੱਸ.ਪੀ. ਮਨਿੰਦਰ ਸਿੰਘ ਨੇ ਵੇਰਵੇ ਸਾਂਝੇ ਕੀਤੇ।

BYTE

-----------------------------------------------------------

ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਕਿਹਾ ਏ ਕਿ LPG ਉਤਪਾਦਨ ਵਧਾਉਣ ਅਤੇ ਘਰੇਲੂ ਖਪਤਕਾਰਾਂ ਅਤੇ ਹਸਪਤਾਲਾਂ ਤੇ ਵਿਦਿਅਕ ਸੰਸਥਾਵਾਂ ਵਰਗੀਆਂ ਜ਼ਰੂਰੀ ਥਾਂਵਾਂ 'ਤੇ ਇਸਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਕਦਮ ਚੁੱਕੇ ਜਾ ਰਹੇ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੰਪਨੀ ਨੇ ਕਿਹਾ ਕਿ ਦੂਜੇ ਖੇਤਰਾਂ ਤੋਂ ਪ੍ਰਾਪਤ ਬੇਨਤੀਆਂ ਦੀ ਸਮੀਖਿਆ ਤੇਲ ਮਾਰਕੀਟਿੰਗ ਕੰਪਨੀਆਂ ਦੇ ਕਾਰਜਕਾਰੀ ਨਿਰਦੇਸ਼ਕਾਂ ਦੀ ਇੱਕ ਕਮੇਟੀ ਵਲੋਂ ਕੀਤੀ ਜਾਵੇਗੀ। ਅਜਿਹੀਆਂ ਬੇਨਤੀਆਂ ਨੂੰ ਉਨ੍ਹਾਂ ਦੀ ਯੋਗਤਾ, ਜ਼ਰੂਰਤ ਅਤੇ LPG ਦੀ ਉਪਲਬਧਤਾ ਦੇ ਅਧਾਰ ਤੇ ਤਰਜੀਹ ਦਿੱਤੀ ਜਾਵੇਗੀ।

-----------------------------------------------------------

ਪੰਜਾਬ ਸਰਕਾਰ ਵਲੋਂ ਅਮਰੀਕਾ-ਇਜ਼ਰਾਈਲ-ਈਰਾਨ ਦੇ ਚੱਲ ਰਹੇ ਟਕਰਾਅ ਕਾਰਨ ਮੱਧ ਏਸ਼ੀਆ ਅਤੇ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ

ਦੀ ਸਹਾਇਤਾ ਲਈ 24 ਘੰਟੇ ਹੈਲਪਲਾਈਨ ਕੰਮ ਕਰ ਰਹੀ ਏ। ਇਹ ਹੈਲਪਲਾਈਨ ਸੇਵਾ ਮਾਰਗਦਰਸ਼ਨ, ਜਾਣਕਾਰੀ ਇਕੱਠੀ ਕਰਨ ਅਤੇ ਸਬੰਧਤ ਅਧਿਕਾਰੀਆਂ ਨਾਲ ਲੋਕਾਂ ਨੂੰ ਸੁਰਖਿਅਤ ਕਢਣ ਅਤੇ ਸਹਾਇਤਾ ਲਈ ਤਾਲਮੇਲ ਪ੍ਰਦਾਨ ਕਰ ਰਹੀ ਏ. ਚੰਡੀਗੜ੍ਹ ਸਥਿਤ ਇਸ ਹੈਲਪਲਾਈਨ ਦੇ ਨੰਬਰ ਨੇ: 0-17-222-60-042, ਤੇ 0-17-222-60-0-43 ਨੰਬਰ ਇੱਕ ਵਾਰ ਫਿਰ ਸੁਣ ਲਓ 0-17-222-60-042, ਤੇ 0-17-222-60-0-43 ਇਹ ਨੰਬਰ ਵਿਦੇਸ਼ਾਂ ਤੋਂ ਡਾਇਲ ਕੀਤੇ ਜਾ ਸਕਦੇ ਨੇ. ਤੁਰੰਤ ਸਹਾਇਤਾ ਅਤੇ ਤਾਲਮੇਲ ਲੈਣ ਲਈ ਭਾਰਤ ਦੇ ਅੰਦਰੋਂ ਚਾਰ-ਅੰਕਾਂ ਵਾਲਾ ਹੈਲਪਲਾਈਨ ਨੰਬਰ - 1100 - ਡਾਇਲ ਕੀਤਾ ਜਾ ਸਕਦਾ ਏ।

-----------------------------------------------------

- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਚ ਅੱਜ ਵੱਖ-ਵੱਖ ਮੁਦਿਆਂ ਨੂੰ ਲੈਕੇ ਚਰਚਾ ਜਾਰੀ ਰਹੀ-ਪੰਜਾਬ ਸਰਕਾਰ ਵਲੋਂ ਰਾਜਪੁਰਾ-ਆਕੜ ਲਿੰਕ ਸੜਕ ਦਾ ਨਾਮ 'ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ' ਦੇ ਨਾਮ 'ਤੇ ਰੱਖਣ ਦਾ ਐਲਾਨ।

- ਚੰਡੀਗੜ੍ਹ 99.93 ਫੀਸਦੀ ਦੀ ਸਾਖਰਤਾ ਦਰ ਨਾਲ ਇੱਕ ਮਹੱਤਵਪੂਰਨ ਮੀਲ ਪੱਥਰ ਹਾਸਿਲ ਕਰਦਿਆਂ ਪੂਰੀ ਤਰ੍ਹਾਂ ਸਾਖਰ ਕੇਂਦਰ ਸ਼ਾਸਤ ਪ੍ਰਦੇਸ਼ ਬਣਿਆ ।

- ਪੰਜਾਬ ਸਰਕਾਰ ਨੇ ਸੂਬੇ ਭਰ 'ਚ ਸ਼ਾਨਦਾਰ ਕਾਰਗੁਜ਼ਾਰੀ ਵਾਲੀਆਂ ਮਹਿਲਾ ਬੀ.ਐਲ.ਓਜ. ਨੂੰ ਕੀਤਾ ਸਨਮਾਨਿਤ ।

- ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਨੇ ਕਿਹਾ -LPG ਉਤਪਾਦਨ ਵਧਾਉਣ ਅਤੇ ਘਰੇਲੂ ਖਪਤਕਾਰਾਂ ਅਤੇ ਹਸਪਤਾਲਾਂ ਤੇ ਵਿਦਿਅਕ ਸੰਸਥਾਵਾਂ ਵਰਗੀਆਂ ਜ਼ਰੂਰੀ ਥਾਂਵਾਂ 'ਤੇ ਇਸਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਏ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ ਸਾਢੇ 7 ਵਜੇ ਹੋਏਗਾ. ਨਮਸ੍ਕਾਰ**